ਟੋਡੀ ਮਹਲਾ ੫ ॥ ਮਾਨੁਖੁ ਬਿਨੁ ਬੂਝੇ ਬਿਰਥਾ ਆਇਆ ॥ ਅਨਿਕ ਸਾਜ ਸੀਗਾਰ ਬਹੁ ਕਰਤਾਜਿਉ ਮਿਰਤਕੁ ਓਢਾਇਆ ॥ ਰਹਾਉ ॥ ਧਾਇ ਧਾਇ ਕ੍ਰਿਪਨ ਸ੍ਰਮੁ ਕੀਨੋ ਇਕਤ੍ਰ ਕਰੀ ਹੈ ਮਾਇਆ ॥ ਦਾਨੁ ਪੁੰਨੁ ਨਹੀ ਸੰਤਨ ਸੇਵਾ ਕਿਤ ਹੀ ਕਾਜਿ ਨ ਆਇਆ ॥ ੧॥ ਕਰਿ ਆਭਰਣ ਸਵਾਰੀ ਸੇਜਾ ਕਾਮਨਿ ਥਾਟੁ ਬਨਾਇਆ ॥ ਸੰਗੁ ਨ ਪਾਇਓ ਅਪੁਨੇ ਭਰਤੇ ਪੇਖਿ ਪੇਖਿ ਦੁਖੁ ਪਾਇਆ ॥ ੨॥ ਸਾਰੋ ਦਿਨਸੁ ਮਜੂਰੀ ਕਰਤਾ ਤੁਹੁ ਮੂਸਲਹਿ ਛਰਾਇਆ ॥ ਖੇਦੁ ਭਇਓ ਬੇਗਾਰੀ ਨਿਆਈ ਘਰ ਕੈ ਕਾਮਿ ਨ ਆਇਆ ॥੩॥ ਭਇਓ ਅਨੁਗ੍ਰਹੁ ਜਾ ਕਉ ਪ੍ਰਭ ਕੋ ਤਿਸੁ ਹਿਰਦੈ ਨਾਮੁ ਵਸਾਇਆ ॥ ਸਾਧਸੰਗਤਿ ਕੈ ਪਾਛੈ ਪਰਿਅਉ ਜਨ ਨਾਨਕ ਹਰਿ ਰਸੁ ਪਾਇਆ ॥੪॥੨॥੪॥ {ਪੰਨਾ 712}

ਪਦਅਰਥ:- ਸਾਜ ਸੀਗਾਰ—ਸਿੰਗਾਰ ਦੀਆਂ ਬਨਾਵਟਾਂ। ਮਿਰਤਕੁ—ਮੁਰਦਾ। ਰਹਾਉ।

ਧਾਇ—ਦੌੜ ਕੇ। ਕ੍ਰਿਪਨ—ਕੰਜੂਸ। ਸ੍ਰਮੁ—ਮੇਹਨਤ। ਕਿਤ ਹੀ ਕਾਜਿ—ਕਿਸੇ ਭੀ ਕੰਮ ਵਿਚ।1।

ਆਭਰਣ—ਗਹਣੇ। ਕਾਮਨਿ—ਇਸਤ੍ਰੀ। ਥਾਟੁ—ਬਣਤਰ। ਸੰਗੁ—ਮਿਲਾਪ। ਪੇਖਿ—ਵੇਖ ਕੇ।2।

ਮੂਸਲਹਿ—ਮੂਹਲੀ ਨਾਲ। ਖੇਦੁ—ਦੁੱਖ। ਨਿਆਈ—ਜਿਵੇਂ। ਘਰ ਕੈ ਕਾਮਿ—ਆਪਣੇ ਘਰ ਦੇ ਕੰਮ ਵਿਚ।3।

ਅਨੁਗ੍ਰਹੁ—ਕਿਰਪਾ। ਜਾ ਕਉ—ਜਿਸ (ਮਨੁੱਖ) ਉਤੇ। ਕੋ—ਦੀ। ਹਿਰਦੈ—ਹਿਰਦੇ ਵਿਚ। ਕੈ ਪਾਛੈ—ਦੀ ਸਰਨ।4।

ਅਰਥ:- ਹੇ ਭਾਈ! (ਜਨਮ-ਮਨੋਰਥ ਨੂੰ) ਸਮਝਣ ਤੋਂ ਬਿਨਾ ਮਨੁੱਖ (ਜਗਤ ਵਿਚ) ਆਇਆ ਵਿਅਰਥ ਹੀ ਜਾਣੋ। (ਜਨਮ-ਮਨੋਰਥ ਦੀ ਸੂਝ ਤੋਂ ਬਿਨਾ ਜੇ ਮਨੁੱਖ ਆਪਣੇ ਸਰੀਰ ਵਾਸਤੇ) ਅਨੇਕਾਂ ਸਿੰਗਾਰਾਂ ਦੀਆਂ ਬਨਾਵਟਾਂ ਕਰਦਾ ਹੈ (ਤਾਂ ਇਉਂ ਹੀ ਹੈ) ਜਿਵੇਂ ਮੁਰਦੇ ਨੂੰ ਕਪੜੇ ਪਾਏ ਜਾ ਰਹੇ ਹਨ। ਰਹਾਉ।

(ਹੇ ਭਾਈ! ਜੀਵਨ-ਮਨੋਰਥ ਦੀ ਸੂਝ ਤੋਂ ਬਿਨਾ ਮਨੁੱਖ ਇਉਂ ਹੀ ਹੈ, ਜਿਵੇਂ) ਕੋਈ ਸ਼ੂਮ ਦੌੜ-ਭੱਜ ਕਰ ਕਰ ਕੇ ਮੇਹਨਤ ਕਰਦਾ ਹੈ, ਮਾਇਆ ਜੋੜਦਾ ਹੈ, (ਪਰ ਉਸ ਮਾਇਆ ਨਾਲ) ਉਹ ਦਾਨ-ਪੁੰਨ ਨਹੀਂ ਕਰਦਾ, ਸੰਤ ਜਨਾਂ ਦੀ ਸੇਵਾ ਭੀ ਨਹੀਂ ਕਰਦਾ। ਉਹ ਧਨ ਉਸ ਦੇ ਕਿਸੇ ਭੀ ਕੰਮ ਨਹੀਂ ਆਉਂਦਾ।1।

(ਹੇ ਭਾਈ! ਆਤਮਕ ਜੀਵਨ ਦੀ ਸੂਝ ਤੋਂ ਬਿਨਾ ਮਨੁੱਖ ਇਉਂ ਹੀ ਹੈ, ਜਿਵੇਂ) ਕੋਈ ਇਸਤ੍ਰੀ ਗਹਣੇ ਪਾ ਕੇ ਆਪਣੀ ਸੇਜ ਸਵਾਰਦੀ ਹੈ, (ਸੁੰਦਰਤਾ ਦਾ) ਅਡੰਬਰ ਕਰਦੀ ਹੈ, ਪਰ ਉਸ ਨੂੰ ਆਪਣੇ ਖਸਮ ਦਾ ਮਿਲਾਪ ਹਾਸਲ ਨਹੀਂ ਹੁੰਦਾ। (ਉਹਨਾਂ ਗਹਣਿਆਂ ਆਦਿ ਨੂੰ) ਵੇਖ ਵੇਖ ਕੇ ਉਸ ਨੂੰ ਸਗੋਂ ਦੁੱਖ ਪ੍ਰਤੀਤ ਹੁੰਦਾ ਹੈ।2।

(ਨਾਮ-ਹੀਣ ਮਨੁੱਖ ਇਉਂ ਹੀ ਹੈ, ਜਿਵੇਂ) ਕੋਈ ਮਨੁੱਖ ਸਾਰਾ ਦਿਨ (ਇਹ) ਮਜੂਰੀ ਕਰਦਾ ਹੈ (ਕਿ) ਮੂਹਲੀ ਨਾਲ ਤੁਹ ਹੀ ਛੜਦਾ ਰਹਿੰਦਾ ਹੈ (ਜਾਂ) ਕਿਸੇ ਵਿਗਾਰੀ ਨੂੰ (ਵਿਗਾਰ ਵਿਚ ਨਿਰਾ) ਕਸ਼ਟ ਹੀ ਮਿਲਦਾ ਹੈ। (ਮਜੂਰ ਦੀ ਮਜੂਰੀ ਜਾਂ ਵਿਗਾਰੀ ਦੀ ਵਿਗਾਰ ਵਿਚੋਂ) ਉਹਨਾਂ ਦੇ ਆਪਣੇ ਕੰਮ ਕੁਝ ਭੀ ਨਹੀਂ ਆਉਂਦਾ।3।

ਹੇ ਦਾਸ ਨਾਨਕ! (ਆਖ—ਹੇ ਭਾਈ!) ਜਿਸ ਮਨੁੱਖ ਉਤੇ ਪਰਮਾਤਮਾ ਦੀ ਕਿਰਪਾ ਹੁੰਦੀ ਹੈ, ਉਸ ਦੇ ਹਿਰਦੇ ਵਿਚ (ਪਰਮਾਤਮਾ ਆਪਣਾ) ਨਾਮ ਵਸਾਂਦਾ ਹੈ, ਉਹ ਮਨੁੱਖ ਸਾਧ ਸੰਗਤਿ ਦੀ ਸਰਨੀ ਪੈਂਦਾ ਹੈ, ਉਹ ਪਰਮਾਤਮਾ ਦੇ ਨਾਮ ਦਾ ਆਨੰਦ ਮਾਣਦਾ ਹੈ।4।2।4।